# ਦਫ਼ਤਰ, ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

**ਐਸ.ਸੀ.ਓ. - 104-106, ਦੂਜੀ ਅਤੇ ਤੀਸਰੀ ਮੰਜ਼ਿਲ, ਸੈਕਟਰ 34 - ਏ, ਚੰਡੀਗੜ੍ਹ।**

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਪੰਜਾਬ।
2. ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.), ਪੰਜਾਬ।
3. ਪੰਜਾਬ ਰਾਜ ਦੇ ਸਮੂਹ ਸਕੂਲ ਮੁੱਖੀ (ਵੈਬਸਾਇਟ ਰਾਹੀਂ)

ਮੀਮੋ ਨੰ. 2009/ਸਸਅ/ਕੋਆਰਡੀਨੇਸ਼ਨ/22873
ਮਿਤੀ: ਚੰਡੀਗੜ੍ਹ 01.02.2010

**ਵਿਸ਼ਾ: ਪੰਜਾਬ ਰਾਜ ਦੇ ਸਕੂਲਾਂ ਵਿੱਚ ਲੋਕਲ ਫੰਕਸ਼ਨ ਨਾ ਕਰਾਉਣ ਬਾਰੇ।**

**ਹਵਾਲਾ: ਕੋਆਰਡੀਨੇਸ਼ਨ/09/ਸਸਅ/50688-732 ਮਿਤੀ 06.07.09 ਸਬੰਧੀ।**

1.0 ਉਪਰੋਕਤ ਹਵਾਲੇ ਅਧੀਨ ਵਿਸ਼ੇ ਦੇ ਸਬੰਧ ਵਿੱਚ।

2.0 ਮੁੱਖ ਦਫਤਰ ਦੇ ਧਿਆਨ ਵਿੱਚ ਇਹ ਆਇਆ ਹੈ ਕਿ ਪੰਜਾਬ ਰਾਜ ਦੇ ਕਈ ਸਰਕਾਰੀ ਸਕੂਲਾਂ ਵਿੱਚ ਲੋਕਲ-ਫੰਕਸ਼ਨ / ਪੇਂਡੂ ਖੇਡ-ਮੇਲੇ ਕਰਵਾਏ ਜਾਂਦੇ ਹਨ, ਜਿਸ ਕਾਰਨ ਸਕੂਲਾਂ ਵਿੱਚ ਦੋ ਜਾਂ ਇਸ ਤੋਂ ਵੱਧ ਦਿਨਾਂ ਦੀਆਂ ਛੁੱਟੀਆਂ ਕਰਨੀਆਂ ਪੈਂਦੀਆਂ ਹਨ। ਇਸ ਨਾਲ ਬੱਚਿਆਂ ਦੀ ਪੜ੍ਹਾਈ ਦਾ ਨੁਕਸ਼ਾਨ ਹੁੰਦਾ ਹੈ।

3.0 ਸਰਕਾਰ ਵੱਲੋਂ ਇਸ ਪੂਰੇ ਮਾਮਲੇ ਨੂੰ ਚੰਗੀ ਤਰ੍ਹਾਂ ਵਿਚਾਰਿਆ ਗਿਆ ਹੈ ਅਤੇ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਅਤੇ (ਐ.ਸਿ.) ਨਾਲ ਮਹੀਨਾਵਾਰ ਮੀਟਿੰਗਾਂ ਵਿੱਚ ਗੱਲ ਬਾਤ ਕੀਤੀ ਗਈ ਹੈ ਅਤੇ ਹਵਾਲਾ ਅਧੀਨ ਪੱਤਰ ਰਾਂਹੀ ਵੀ ਲਿਖਿਆ ਗਿਆ ਹੈ ਕਿ ਸਾਰੇ ਸਕੂਲਾਂ ਨੂੰ ਇਹ ਹਦਾਇਤਾਂ ਜਾਰੀ ਕਰ ਦਿੱਤੀਆਂ ਜਾਣ ਕਿ ਕਿਸੇ ਵੀ ਸਰਕਾਰੀ ਸਕੂਲ ਵਿੱਚ ਸਰਕਾਰੀ ਛੁੱਟੀ ਤੋਂ ਇਲਾਵਾ ਕੋਈ ਹੋਰ ਛੁੱਟੀ ਨਾ ਕੀਤੀ ਜਾਵੇ ਅਤੇ ਨਾ ਹੀ ਸਰਕਾਰੀ ਸਕੂਲਾਂ ਵਿੱਚ ਕਿਸੇ ਕਲੱਬ ਜਾਂ ਕਿਸੀ ਹੋਰ ਅਦਾਰੇ ਨੂੰ ਕੋਈ ਖੇਡ-ਮੇਲਾ/ਲੋਕਲ-ਫੰਕਸ਼ਨ ਕਰਨ ਦੀ ਇਜ਼ਾਜ਼ਤ ਨਾ ਦਿੱਤੀ ਜਾਵੇ। ਪਰੰਤੂ ਇਸ ਦੇ ਨਾਲ ਹੀ ਇਹ ਵੀ ਸਪਸ਼ਟ ਕੀਤਾ ਜਾਂਦਾ ਹੇ ਕਿ ਜੇਕਰ ਸਕੂਲ ਦੇ ਵਿਦਿਆਰਥੀ ਜਾਂ ਅਧਿਆਪਕਾਂ ਵੱਲੋਂ ਮੁੱਖ ਤੌਰ ਤੇ ਭਾਗ ਲੈਂਦਿਆਂ ਹੋਇਆਂ ਕੋਈ ਸੱਭਿਆਚਾਰਕ ਫੰਕਸ਼ਨ ਕੀਤਾ ਜਾਂਦਾ ਹੈ ਤਾਂ ਉਨ੍ਹਾਂ ਤੇ ਇਹ ਹਦਾਇਤਾਂ ਲਾਗੂ ਨਹੀਂ ਹੋਣਗੀਆਂ ਯਾਣੀ ਕਿ ਉਹ ਇਹ ਫੰਕਸ਼ਨ ਸਕੂਲ ਵਿੱਚ ਕਰ ਸਕਦੇ ਹਨ ਪਰੰਤੂ ਇਸ ਮਕਸਦ ਲਈ ਸਕੂਲ ਦੇ ਬੱਚਿਆਂ ਨੂੰ ਕੋਈ ਛੁੱਟੀ ਨਹੀਂ ਕੀਤੀ ਜਾਵੇਗੀ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ,
ਪੰਜਾਬ, ਚੰਡੀਗੜ੍ਹ।

ਉਤਾਰਾ :
1. ਮੰਡਲ ਸਿੱਖਿਆ ਅਫਸਰ, ਨਾਭਾ, ਜਲੰਧਰ ਅਤੇ ਫਰੀਦਕੋਟ
2. ਪੀ.ਏ. ਵਿ.ਸ.ਸ.ਸਿ. (ਕੇ)
3. ਡੀ.ਐਮ. / ਐਮ.ਆਈ.ਐਸ.